ਪ੍ਰਭਾਤੀ ਮਹਲਾ ੧ ॥ ਬਾਰਹ ਮਹਿ ਰਾਵਲ ਖਪਿ ਜਾਵਹਿ ਚਹੁ ਛਿਅ ਮਹਿ ਸੰਨਿਆਸੀ ॥ ਜੋਗੀ ਕਾਪੜੀਆ ਸਿਰਖੂਥੇ ਬਿਨੁ ਸਬਦੈ ਗਲਿ ਫਾਸੀ ॥੧॥ ਸਬਦਿ ਰਤੇ ਪੂਰੇ ਬੈਰਾਗੀ ॥ ਅਉਹਠਿ ਹਸਤ ਮਹਿ ਭੀਖਿਆ ਜਾਚੀ ਏਕ ਭਾਇ ਲਿਵ ਲਾਗੀ ॥੧॥ ਰਹਾਉ ॥ ਬ੍ਰਹਮਣ ਵਾਦੁ ਪੜਹਿ ਕਰਿ ਕਿਰਿਆ ਕਰਣੀ ਕਰਮ ਕਰਾਏ ॥ ਬਿਨੁ ਬੂਝੇ ਕਿ ਛੁ ਸੂਝੈ ਨਾਹੀ ਮਨਮੁਖੁ ਵਿਛੁੜਿ ਦੁਖੁ ਪਾਏ ॥ ੨॥ ਸਬਦਿ ਮਿਲੇ ਸੇ ਸੂਚਾਚਾਰੀ ਸਾਚੀ ਦਰਗਹ ਮਾਨੇ ॥ ਅਨਦਿਨੁ ਨਾਮਿ ਰਤਨਿ ਲਿਵ ਲਾਗੇ ਜੁਗਿ ਜੁਗਿ ਸਾਚਿ ਸਮਾਨੇ ॥੩॥ ਸਗਲੇ ਕਰਮ ਧਰਮ ਸੁਚਿ ਸੰਜਮ ਜਪ ਤਪ ਤੀਰਥ ਸਬਦਿ ਵਸੇ ॥ ਨਾਨਕ ਸਤਿਗੁਰ ਮਿਲੈ ਮਿਲਾਇਆ ਦੂਖ ਪਰਾਛਤ ਕਾਲ ਨਸੇ ॥੪॥੧੬॥ {ਪੰਨਾ 1332}

ਪਦ ਅਰਥ:- ਬਾਰਹ—ਜੋਗੀਆਂ ਦੇ ਬਾਰਾਂ ਪੰਥ (ਹੇਤੁ, ਪਾਵ, ਆਈ, ਗਮਯ, ਪਾਗਲ, ਗੋਪਾਲ, ਕੰਥੜੀ, ਬਨ, ਧ੍ਰਜ, ਚੋਲੀ, ਰਾਵਲ ਅਤੇ ਦਾਸ)। ਰਾਵਲ—ਜੋਗੀ ਜੋ ਅਲੱਖ ਅਲੱਖ ਦੀ ਧੁਨਿ ਕਰ ਕੇ ਭਿੱਛਿਆ ਮੰਗਦੇ ਹਨ। ਜੋਗੀਆਂ ਦਾ ਇਕ ਖ਼ਾਸ ਫ਼ਿਰਕਾ ਜਿਸ ਵਿਚ ਮੁਸਲਮਾਨ ਅਤੇ ਹਿੰਦੂ ਦੋਵੇਂ ਹੁੰਦੇ ਹਨ। ਚਹੁ ਛਿਅ ਮਹਿ—ਦਸ (ਫ਼ਿਰਕਿਆਂ) ਵਿਚ (ਸੰਨਿਆਸੀਆਂ ਦੇ ਦਸ ਫ਼ਿਰਕੇ:- ਤੀਰਥ, ਆਸ਼੍ਰਮ, ਵਨ, ਅਰਣ੍ਯ, ਗਿਰਿ, ਪਰਵਤ, ਸਾਗਰ, ਸਰਸ੍ਵਤੀ, ਭਾਰਤੀ ਅਤੇ ਪੁਰੀ)। ਕਾਪੜੀਆ—ਟਾਕੀਆਂ ਦੀ ਗੋਦੜੀ ਜਾਂ ਚੋਲਾ ਪਹਿਨਣ ਵਾਲਾ। ਸਿਰਖੂਥਾ—ਜੈਨ ਮਤ ਦਾ ਇਕ ਫ਼ਿਰਕਾ ਜੋ ਸਿਰ ਦੇ ਵਾਲ ਜੜ੍ਹਾਂ ਤੋਂ ਪੁੱਟ ਦੇਂਦਾ ਹੈ, ਢੂੰਢੀਆ। ਗਲਿ—ਗਲ ਵਿਚ।1।

ਸਬਦਿ—ਗੁਰੂ ਦੇ ਸ਼ਬਦ ਵਿਚ। ਬੈਰਾਗੀ—ਵਿਰਕਤ। ਅਉਹਠ—(AvG´) ਹਿਰਦਾ। ਅਉਹਠਿ ਹਸਤ—(AvG´ÔQ) ਹਿਰਦੇ ਵਿਚ ਟਿਕਿਆ ਹੋਇਆ। ਭੀਖਿਆ—ਭਿੱਛਿਆ, ਦਾਨ। ਜਾਚੀ—ਮੰਗੀ। ਏਕ ਭਾਇ—ਇੱਕ (ਪਰਮਾਤਮਾ) ਦੇ ਪਿਆਰ ਵਿਚ।1। ਰਹਾਉ।

ਵਾਦੁ—ਝਗੜਾ, ਚਰਚਾ, ਬਹਿਸ। ਕਰਿ—ਕਰ ਕੇ। ਕਿਰਿਆ ਕਰਮ—ਕਰਮ ਕਾਂਡ। ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ। ਵਿਛੁੜਿ—ਪ੍ਰਭੂ ਤੋਂ ਵਿੱਛੁੜ ਕੇ।2।

ਸੂਚਾ ਚਾਰੀ—ਪਵਿਤ੍ਰ ਆਚਰਨ ਵਾਲੇ। ਨਾਮਿ ਰਤਨਿ—ਨਾਮ-ਰਤਨ ਵਿਚ, ਸ੍ਰੇਸ਼ਟ ਨਾਮ ਵਿਚ। ਜੁਗ ਜੁਗ—ਹਰੇਕ ਜੁਗ ਵਿਚ, ਸਦਾ ਹੀ।3।

ਸੁਚਿ—ਪਵਿਤ੍ਰਤਾ। ਸੰਜਮ—ਇੰਦ੍ਰਿਆਂ ਨੂੰ ਵੱਸ ਵਿਚ ਰੱਖਣ ਦੇ ਉੱਦਮ। ਸਤਿਗੁਰ ਮਿਲੈ—(ਜੇਹੜਾ ਮਨੁੱਖ) ਗੁਰੂ ਨੂੰ ਮਿਲ ਪੈਂਦਾ ਹੈ। ਪਰਾਛਤ—ਪਾਪ। ਕਾਲ—ਮੌਤ ਦਾ ਡਰ।4।

ਅਰਥ:- ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਰੰਗੇ ਰਹਿੰਦੇ ਹਨ, ਉਹ (ਮਾਇਆ ਦੇ ਮੋਹ ਤੋਂ) ਪੂਰੇ ਤੌਰ ਤੇ ਉਪਰਾਮ ਰਹਿੰਦੇ ਹਨ। ਉਹਨਾਂ ਨੇ ਆਪਣੇ ਹਿਰਦੇ ਵਿਚ ਟਿਕੇ ਪਰਮਾਤਮਾ (ਦੇ ਚਰਨਾਂ) ਵਿਚ (ਜੁੜ ਕੇ ਸਦਾ ਉਸ ਦੇ ਨਾਮ ਦੀ) ਭਿੱਛਿਆ ਮੰਗੀ ਹੈ, ਉਹਨਾਂ ਦੀ ਸੁਰਤਿ ਸਿਰਫ਼ ਪਰਮਾਤਮਾ ਦੇ ਪਿਆਰ ਵਿਚ ਟਿਕੀ ਰਹਿੰਦੀ ਹੈ।1।

ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੋਂ ਖੁੰਝ ਕੇ ਬਾਰਾਂ ਹੀ ਫ਼ਿਰਕਿਆਂ ਵਿਚ ਦੇ ਜੋਗੀ ਅਤੇ ਦਸਾਂ ਹੀ ਫ਼ਿਰਕਿਆਂ ਵਿਚ ਦੇ ਸੰਨਿਆਸੀ ਖਪਦੇ ਫਿਰਦੇ ਹਨ। ਟਾਕੀਆਂ ਦੀ ਗੋਦੜੀ ਪਹਿਨਣ ਵਾਲੇ ਜੋਗੀ ਅਤੇ ਸਿਰ ਦੇ ਵਾਲਾਂ ਨੂੰ ਜੜ੍ਹਾਂ ਤੋਂ ਹੀ ਪੁਟਾਣ ਵਾਲੇ ਢੂੰਢੀਏ ਜੈਨੀ ਭੀ (ਖ਼ੁਆਰ ਹੀ ਹੁੰਦੇ ਰਹਿੰਦੇ ਹਨ)। ਗੁਰੂ ਦੇ ਸ਼ਬਦ ਤੋਂ ਬਿਨਾ ਇਹਨਾਂ ਸਭਨਾਂ ਦੇ ਗਲ ਵਿਚ (ਮਾਇਆ ਦੇ ਮੋਹ ਦੀ) ਫਾਹੀ ਪਈ ਰਹਿੰਦੀ ਹੈ।1।

ਬ੍ਰਾਹਮਣ ਉੱਚੇ ਆਚਰਨ (ਤੇ ਜ਼ੋਰ ਦੇਣ ਦੇ ਥਾਂ) ਕਰਮ ਕਾਂਡ ਕਰਾਂਦਾ ਹੈ, ਇਹ ਕਰਮ ਕਾਂਡ ਕਰ ਕੇ (ਇਸੇ ਦੇ ਆਧਾਰ ਤੇ ਸ਼ਾਸਤ੍ਰਾਂ ਵਿਚੋਂ) ਚਰਚਾ ਪੜ੍ਹਦੇ ਹਨ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਪਰਮਾਤਮਾ ਦੀ ਯਾਦ

ਤੋਂ ਖੁੰਝ ਕੇ ਆਤਮਕ ਦੁੱਖ ਸਹਾਰਦਾ ਹੈ, ਕਿਉਂਕਿ (ਗੁਰੂ ਦੇ ਸ਼ਬਦ ਨੂੰ) ਨਾਹ ਸਮਝਣ ਦੇ ਕਾਰਨ ਇਸ ਨੂੰ ਜੀਵਨ ਦਾ ਸਹੀ ਰਸਤਾ ਸੁੱਝਦਾ ਨਹੀਂ ਹੈ।2।

ਪਵਿਤ੍ਰ ਕਰਤੱਬ ਵਾਲੇ ਸਿਰਫ਼ ਉਹ ਬੰਦੇ ਹਨ ਜੋ (ਮਨੋਂ) ਗੁਰੂ ਦੇ ਸ਼ਬਦ ਵਿਚ ਜੁੜੇ ਹੋਏ ਹਨ, ਪਰਮਾਤਮਾ ਦੀ ਸਦਾ ਕਾਇਮ ਰਹਿਣ ਵਾਲੀ ਦਰਗਾਹ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ। ਉਹਨਾਂ ਦੀ ਲਿਵ ਹਰ ਰੋਜ਼ ਪ੍ਰਭੂ ਦੇ ਸ੍ਰੇਸ਼ਟ ਨਾਮ ਵਿਚ ਲਗੀ ਰਹਿੰਦੀ ਹੈ, ਉਹ ਸਦਾ ਹੀ ਸਦਾ-ਥਿਰ (ਦੀ ਯਾਦ) ਵਿਚ ਲੀਨ ਰਹਿੰਦੇ ਹਨ।3।

(ਮੁੱਕਦੀ ਗੱਲ,) ਕਰਮ ਕਾਂਡ ਦੇ ਸਾਰੇ ਧਰਮ, (ਬਾਹਰਲੀ) ਸੁੱਚ, (ਬਾਹਰਲੇ) ਸੰਜਮ, ਜਪ ਤਪ ਤੇ ਤੀਰਥ-ਇਸ਼ਨਾਨ—ਇਹ ਸਾਰੇ ਹੀ ਗੁਰੂ ਦੇ ਸ਼ਬਦ ਵਿਚ ਵੱਸਦੇ ਹਨ (ਭਾਵ, ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜਨ ਵਾਲੇ ਨੂੰ ਇਹਨਾਂ ਕਰਮਾਂ ਧਰਮਾਂ ਦੀ ਲੋੜ ਨਹੀਂ ਰਹਿ ਜਾਂਦੀ)।

ਹੇ ਨਾਨਕ! ਜੇਹੜਾ ਮਨੁੱਖ ਪ੍ਰਭੂ ਦੀ ਮੇਹਰ ਨਾਲ ਗੁਰੂ ਨੂੰ ਮਿਲ ਪੈਂਦਾ ਹੈ। (ਗੁਰੂ ਦੀ ਸਰਨ ਆ ਜਾਂਦਾ ਹੈ) ਉਸ ਦੇ ਸਾਰੇ ਦੁੱਖ-ਕਲੇਸ਼, ਪਾਪ ਤੇ ਮੌਤ ਆਦਿਕ ਦੇ ਡਰ ਦੂਰ ਹੋ ਜਾਂਦੇ ਹਨ।4। 16।